ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ

**ਲੋਕਾਂ ਦਾ ਕਰਫ਼ਿਊ ਦੌਰਾਨ ਘਰਾਂ 'ਚ ਰਹਿਣਾ ਉਨ੍ਹਾਂ ਦੇ ਹਿੱਤ ਵਿਚ -ਸੋਨੀ**

**ਲੋੜਵੰਦ ਲੋਕਾਂ ਨੂੰ ਪੰਜਾਬ ਸਰਕਾਰ ਵੱਲੋਂ ਦਿੱਤਾ ਜਾ ਰਿਹੈ ਰਾਸ਼ਨ**

**ਅੰਮ੍ਰਿਤਸਰ ਕੇਂਦਰੀ ਹਲਕੇ ਦੀਆਂ ਬਾਹਰਲੀਆਂ ਵਾਰਡਾਂ ਲਈ ਸੁੱਕੇ ਰਾਸ਼ਨ ਦੇ 5 ਟਰੱਕ ਭੇਜੇ**

ਅੰਮ੍ਰਿਤਸਰ, 5 ਅਪਰੈਲ ( )–

ਡਾਕਟਰੀ ਸਿੱਖਿਆ ਤੇ ਖੋਜ ਮੰਤਰੀ ਸ੍ਰੀ ਓ. ਪੀ. ਸੋਨੀ ਨੇ ਕਰਫਿਊ ਦੌਰਾਨ ਆਮ ਲੋਕਾਂ ਨੂੰ ਘਰਾਂ ਵਿਚ ਰਹਿਣ ਦੀ ਅਪੀਲ ਕਰਦੇ ਕਿਹਾ ਹੈ ਕਿ ਤੁਹਾਡਾ ਘਰਾਂ ਵਿਚ ਰਹਿਣਾ ਤੁਹਾਡੇ ਅਤੇ ਤੁਹਾਡੇ ਪਰਿਵਾਰ ਦੀ ਸੁਰੱਖਿਆ ਲਈ ਬਹੁਤ ਜ਼ਰੂਰੀ ਹੈ। ਉਨਾਂ ਕਿਹਾ ਕਿ ਪੰਜਾਬ ਸਰਕਾਰ ਦੀ ਤਰਫੋਂ ਜ਼ਿਲ੍ਹਾ ਅਧਿਕਾਰੀ ਕਰਫ਼ਿਊ ਦੌਰਾਨ ਆਮ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਮੁਸ਼ਕਿਲ ਨਹੀਂ ਆਉਣ ਦੇ ਰਹੇ। ਸਮੁੱਚਾ ਜ਼ਿਲ੍ਹਾ ਪ੍ਰਸ਼ਾਸਨ ਉਨ੍ਹਾਂ ਦੀ ਸਿਹਤ ਸੁਰੱਖਿਆ ਅਤੇ ਆਮ ਲੋੜਾਂ ਨੂੰ ਪੂਰਾ ਕਰਨ ਲਈ ਪੱਬਾਂ ਭਾਰ ਹੈ ਅਤੇ ਆਪਣਾ ਪੂਰਾ ਜ਼ੋਰ ਲਾ ਰਿਹਾ ਹੈ। ਉਕਤ ਸਬਦਾਂ ਦਾ ਪ੍ਰਗਟਾਵਾ ਸ੍ਰੀ ਸੋਨੀ ਨੇ ਅੰਮ੍ਰਿਤਸਰ ਕੇਂਦਰੀ ਹਲਕੇ ਲਈ ਪੰਜਾਬ ਸਰਕਾਰ ਦੀ ਤਰਫੋਂ ਲੋੜਵੰਦ ਲੋਕਾਂ ਲਈ ਭੇਜੇ ਸੁੱਕੇ ਰਾਸ਼ਨ ਦੇ 5 ਟਰੱਕ ਰਵਾਨਾ ਕਰਨ ਮੌਕੇ ਕੀਤਾ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਸਥਿਤੀ 'ਤੇ ਨੇੜਿਉਂ ਨਜ਼ਰ ਰੱਖ ਰਹੇ ਹਨ ਅਤੇ ਰੋਜ਼ਾਨਾ ਫ਼ੀਲਡ 'ਚ ਕੰਮ ਕਰ ਰਹੇ ਅਧਿਕਾਰੀਆਂ, ਕਰਮਚਾਰੀਆਂ ਅਤੇ ਸਮਾਜ ਸੇਵੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀ ਹੌਂਸਲਾ ਅਫ਼ਜਾਈ ਕਰ ਰਹੇ ਹਨ। ਲੋਕਾਂ ਦੀਆਂ ਨਿੱਤ ਵਰਤੋਂ ਦੀਆਂ ਲੋੜਾਂ ਦੇ ਨਾਲ–ਨਾਲ ਹਸਪਤਾਲਾਂ ਵਿਚ ਸਾਜ਼ੋ–ਸਮਾਨ ਪੂਰਾ ਕੀਤਾ ਜਾ ਰਿਹਾ ਹੈ।

ਉਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲਾਈਆਂ ਪਾਬੰਦੀਆਂ ਦੀ ਪੂਰੀ ਤਰ੍ਹਾਂ ਪਾਲਣਾ ਕਰਨ ਅਤੇ ਆਪਣੇ ਆਪ ਨੂੰ ਕੋਰੋਨਾ ਵਾਇਰਸ ਦੀ ਲਾਗ ਤੋਂ ਬਚਾਉਣ। ਉਨ੍ਹਾਂ ਕਿਹਾ ਕਿ ਘੱਟੋ–ਘੱਟ ਦੋ ਮੀਟਰ ਦੀ ਦੂਰੀ ਬਣਾਈ ਰੱਖਣ ਤਾਂ ਜੋ ਬਿਮਾਰੀ ਤੋਂ ਬਚਿਆ ਜਾ ਸਕੇ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਕੋਵਿਡ–19 ਤੋਂ ਬਚਾਅ ਲਈ ਵੱਡੇ ਪੱਧਰ 'ਤੇ ਫੈਸਲੇ ਲਏ ਜਾ ਰਹੇ ਹਨ, ਜਿਵੇਂ ਕਿ ਸਿਹਤ ਵਿਭਾਗ 'ਚ ਸੇਵਾਮੁਕਤੀ ਨੂੰ ਲੋਕ ਹਿੱਤ ਵਿਚ ਤਿੰਨ ਮਹੀਨੇ ਲਈ ਅੱਗੇ ਪਾ ਦਿੱਤਾ ਗਿਆ ਹੈ। ਜ਼ਰੂਰੀ ਵਸਤਾਂ ਦੀ ਘਰ ਤੱਕ ਸਪਲਾਈ ਲਈ ਸਰਕਾਰ ਵੱਲੋਂ ਮੋਬਾਇਲ ਅਧਾਰਿਤ ਐਪ 'ਕੋਵਾ ਪੰਜਾਬ ਐਪ' ਬਣਾਈ ਗਈ ਹੈ, ਜਿਸ 'ਤੇ ਨੇੜਲੇ ਦੁਕਾਨਦਾਰਾਂ ਦੀ ਸੂਚੀ ਤੇ ਫ਼ੋਨ ਉਪਲਬਧ ਹਨ। ਇਸੇ ਐਪ 'ਤੇ ਡਾਕਟਰਾਂ ਨਾਲ ਵੀ ਸੰਪਰਕ ਕਰਕੇ ਸਲਾਹ ਲਈ ਜਾ ਸਕਦੀ ਹੈ।ਇਸ ਮੌਕੇ ਉਨਾਂ ਨਾਲ ਕੌਂਸਲਰ ਸ੍ਰੀ ਵਿਕਾਸ ਸੋਨੀ, ਸ੍ਰੀ ਪਰਮਜੀਤ ਸਿੰਘ ਚੋਪੜਾ, ਸ੍ਰੀ ਲਖਵਿੰਦਰ ਸਿੰਘ, ਸ੍ਰੀ ਸਰਬਜੀਤ ਸਿੰਘ, ਸ੍ਰੀ ਸੁਰਿੰਦਰ ਸ਼ਿੰਦਾ, ਸ੍ਰੀ ਰਾਘਵ ਸੋਨੀ ਅਤੇ ਸ਼ਾਮ ਸੋਨੀ ਵੀ ਹਾਜ਼ਰ ਸਨ।

ਕੈਪਸ਼ਨ

ਅੰਮ੍ਰਿਤਸਰ ਕੇਂਦਰੀ ਹਲਕੇ ਦੀਆਂ ਬਾਹਰਲੀਆਂ ਵਾਰਡਾਂ ਲਈ ਸੁੱਕੇ ਰਾਸ਼ਨ ਦੇ ਟਰੱਕ ਰਵਾਨਾ ਕਰਨ ਮੌਕੇ ਸ੍ਰੀ ਓ ਪੀ ਸੋਨੀ।

=============

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ

## ਵੱਧ ਕੀਮਤ ਵਸੂਲਣ ਵਾਲੇ ਦੁਕਾਨਦਾਰਾਂ ਦੀ ਹੁਣ ਖੈਰ ਨਹੀਂ
## ਰੇਟ ਬੋਰਡ ਨਾ ਲਗਾਉਣ ਵਾਲਿਆਂ ਉਤੇ ਵੀ ਹੋਵੇਗੀ ਕਾਰਵਾਈ

ਅੰਮ੍ਰਿਤਸਰ, 5 ਅਪ੍ਰੈਲ ( )-

ਕਰਫਿਊ ਦੀ ਆੜ ਵਿਚ ਲੋਕਾਂ ਕੋਲੋਂ ਰੋਜ਼ਮਰਾ ਦੀ ਜਿੰਦਗੀ ਵਿਚ ਵਰਤੀਆਂ ਜਾਣ ਵਾਲੀਆਂ ਵਸਤੂਆਂ ਦਾ ਵੱਧ ਕੀਮਤ ਵਸੂਲ ਕਰਨ ਵਾਲੇ ਦੁਕਾਨਦਾਰਾਂ ਨੂੰ ਲੈਣੇ ਦੇ ਦੇਣੇ ਪੈਣਗੇ, ਕਿਉਂਕਿ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਜਾਰੀ ਕੀਤੀਆਂ ਨਵੀਆਂ ਹਦਾਇਤਾਂ ਵਿਚ ਅਜਿਹੇ ਦੁਕਾਨਦਾਰਾਂ ਉਤੇ ਸਖਤ ਕਾਰਵਾਈ ਅਤੇ ਭਾਰੀ ਜੁਰਮਾਨੇ ਕਰਨ ਦੇ ਨਿਰਦੇਸ਼ ਆ ਚੁੱਕੇ ਹਨ। ਜਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਸ. ਲਖਵਿੰਦਰ ਸਿੰਘ ਨੇ ਦੱਸਿਆ ਕਿ ਡਾਇਰੈਕਟਰ ਫੂਡ ਸਪਲਾਈ ਸ੍ਰੀਮਤੀ ਅਨਿੰਦਤਾ ਮਿੱਤਰਾ ਵੱਲੋਂ ਵਿਭਾਗ ਨੂੰ ਸਪੱਸ਼ਟ ਕਰ ਦਿੱਤਾ ਗਿਆ ਹੈ ਕਿ ਜੋ ਵੀ ਦੁਕਾਨਦਾਰ ਆਪਣੀ ਦੁਕਾਨ ਉਤੇ ਲੱਗੇ ਡਿਸਪਲੇਅ ਬੋਰਡ ਉਤੇ ਵਸਤੂਆਂ ਦੇ ਰੇਟ ਨਹੀਂ ਲਿਖਦਾ ਜਾਂ ਆਮ ਨਾਲੋਂ ਵੱਧ ਰੇਟ ਲਗਾ ਕੇ ਲੋਕਾਂ ਨੂੰ ਆਰਥਿਕ ਤੌਰ ਉਤੇ ਲੁੱਟਦਾ ਹੈ, ਉਸ ਵਿਰੁੱਧ ਸਖਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇ।

ਉਨਾਂ ਦੱਸਿਆ ਕਿ ਵਿਭਾਗ ਤੋਂ ਪ੍ਰਾਪਤ ਹੋਈਆਂ ਹਦਾਇਤਾਂ ਦੇ ਮੱਦੇਨਜ਼ਰ ਅਸੀਂ ਜਿਲ੍ਹੇ ਭਰ ਵਿਚ ਟੀਮਾਂ ਗਠਿਤ ਕਰ ਦਿੱਤੀਆਂ ਹਨ, ਜੋ ਕਿ ਇਨਾਂ ਦੁਕਾਨਾਂ ਉਤੇ ਛਾਪੇ ਮਾਰਨਗੀਆਂ। ਉਨਾਂ ਸਪੱਸ਼ਟ ਕੀਤਾ ਕਿ ਜੁਰਮਾਨਾ ਕਰਨ ਦੇ ਨਾਲ-ਨਾਲ ਕਾਨੂੰਨੀ ਕਾਰਵਾਈ ਵੀ ਕੀਤੀ ਜਾਵੇਗੀ, ਜਿਸ ਵਿਚ ਸਜ਼ਾ ਤੱਕ ਹੋ ਸਕਦੀ ਹੈ। ਇਸ ਤੋਂ ਇਲਾਵਾ ਅਜਿਹੇ ਦੁਕਾਨਦਾਰਾਂ ਅਤੇ ਵਪਾਰੀਆਂ ਦੇ ਨਾਮ ਮੀਡੀਏ ਰਾਹੀਂ ਜਨਤਕ ਕੀਤੇ ਜਾਣਗੇ, ਤਾਂ ਜੋ ਲੋਕ ਭਵਿੱਖ ਵਿਚ ਵੀ ਅਜਿਹੇ ਦੁਕਾਨਦਾਰਾਂ ਦੀਆਂ ਦੁਕਾਨਾਂ ਉਤੇ ਖਰੀਦਦਾਰੀ ਕਰਨ ਲਈ ਨਾ ਆਉਣ।

==============

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ

## ਘਰਾਂ ਵਿਚ ਜ਼ਰੂਰੀ ਵਸਤਾਂ ਦੀ 'ਹੋਮ ਡਿਲਵਰੀ' ਲਈ 950 ਦੁਕਾਨਦਾਰਾਂ ਨੂੰ ਪਰਮਿਟ ਜਾਰੀ

## ਨਿੱਤ ਵਰਤੋਂ ਦੀਆਂ ਵਸਤੂਆਂ ਦੀ ਹੁਣ ਕੋਈ ਕਮੀ ਨਹੀਂ

ਅੰਮ੍ਰਿਤਸਰ, 5 ਅਪ੍ਰੈਲ ( )-

ਕਰਫਿਊ ਦੌਰਾਨ ਲੋਕਾਂ ਦੀਆਂ ਰੋਜ਼ਮਰਾ ਦੀਆਂ ਜ਼ਰੂਰਤਾਂ ਪੂਰੀਆਂ ਕਰਨ ਲਈ ਕਰਿਆਨਾ ਤੇ ਹੋਰ ਕਾਰੋਬਾਰੀਆਂ ਨੂੰ ਪਰਮਿਟ ਜਾਰੀ ਕੀਤੇ ਜਾ ਚੁੱਕੇ ਹਨ ਅਤੇ ਫੋਨ ਨੰਬਰ ਉਤੇ ਲੋਕਾਂ ਨੂੰ ਕਰਿਆਨਾ ਘਰ-ਘਰ ਪਹੁੰਚ ਰਿਹਾ ਹੈ। ਇਸ ਕੰਮ ਲਈ ਵੱਖ-ਵੱਖ ਐਸੋਸੀਏਸ਼ਨਾਂ ਦਾ ਸਹਿਯੋਗ ਜਿਲ੍ਹਾ ਪ੍ਰਸ਼ਾਸਨ ਨੂੰ ਮਿਲਿਆ ਅਤੇ ਕਈ ਦੁਕਾਨਦਾਰਾਂ ਨੇ ਨਿੱਜੀ ਤੌਰ ਉਤੇ ਆ ਕੇ ਆਪਣੇ ਕੰਮ ਲਈ ਜਿਲ੍ਹਾ ਖੁਰਾਕ ਤੇ ਸਪਲਾਈ ਵਿਭਾਗ ਕੋਲੋਂ ਪਰਮਿਟ ਲਿਆ ਹੈ। ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿਲੋਂ ਨੇ ਇਹ ਜਾਣਕਾਰੀ ਦਿੰਦੇ ਦੱਸਿਆ ਕਿ ਹੁਣ ਤੱਕ ਜਿਲ੍ਹੇ ਭਰ ਵਿਚ 950 ਦੁਕਾਨਦਾਰਾਂ ਨੂੰ ਕਰਫਿਊ ਦੌਰਾਨ ਕੰਮ ਕਰਨ ਲਈ ਪਰਮਿਟ ਜਾਰੀ ਕੀਤੇ ਜਾ ਚੁੱਕੇ ਹਨ। ਇਸ ਤੋਂ ਇਲਾਵਾ ਸਰਕਾਰ ਦੇ ਨਿਰਦੇਸ਼ ਉਤੇ ਦਵਾਈਆਂ ਦੀਆਂ ਦੁਕਾਨਾਂ ਨੂੰ ਵੀ ਕਰਫਿਊ ਤੋਂ ਛੋਟ ਦਿੱਤੀ ਗਈ ਹੈ।

ਉਨਾਂ ਦੱਸਿਆ ਕਿ ਸ਼ਹਿਰ ਤੇ ਹੋਰ ਖੇਤਰਾਂ ਵਿਚ ਦੁੱਧ ਦੀ ਸਪਲਾਈ ਲਈ ਕੋਈ ਕਮੀ ਨਹੀਂ ਹੈ। ਦੁੱਧ ਲਈ ਦੋਧੀਆਂ ਵੱਲੋਂ ਪਹਿਲਾਂ ਦੀ ਤਰਾਂ ਘਰਾਂ ਵਿਚ ਦੁੱਧ ਦਿੱਤਾ ਜਾ ਰਿਹਾ ਹੈ, ਜਦਕਿ ਵੇਰਕਾ ਤੇ ਅਮੁਲ ਦੁਪਿਹਰ 2 ਵਜੇ ਤੱਕ ਦੁੱਧ ਦੀ ਸਪਲਾਈ ਮੁਹੱਲਿਆਂ ਵਿਚ ਕਰ ਰਹੇ ਹਨ। ਇਸ ਤੋਂ ਇਲਾਵਾ ਸਬਜੀ ਮੰਡੀ ਖੁੱਲਣ ਨਾਲ ਸ਼ਹਿਰ ਦੇ ਮੁਹੱਲਿਆਂ ਵਿਚ ਵੀ ਸਬਜੀ ਤੇ ਫਲਾਂ ਦੀਆਂ ਰੇਹੜੀਆਂ ਆ ਰਹੀਆਂ ਹਨ। ਅਖਬਾਰਾਂ ਦੀ ਸਪਲਾਈ ਦੀ ਕੰਮ ਬੇਰੋਕ ਚੱਲ ਰਿਹਾ ਹੈ। ਐਲ ਪੀ ਜੀ ਦੀ ਬੁਕਿੰਗ ਲੋਕ ਘਰਾਂ ਤੋਂ ਆਪਣੇ ਫੋਨ ਉਤੇ ਪਹਿਲਾਂ ਦੀ ਤਰਾਂ ਕਰਕੇ ਗੈਸ ਦੀ ਸਪਲਾਈ ਪ੍ਰਾਪਤ ਕਰਨ ਲੱਗੇ ਹਨ। ਉਨਾਂ ਕਿਹਾ ਕਿ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਦੀਆਂ ਕੋਸ਼ਿਸ਼ਾਂ ਸਦਕਾ ਲਗਭਗ ਜ਼ਰੂਰੀ ਵਸਤਾਂ ਦੀ ਸਪਲਾਈ ਦਾ ਸਾਰਾ ਕੰਮ ਚੱਲ ਰਿਹਾ ਹੈ, ਪਰ ਲੋੜ ਹੈ ਕਿ ਲੋਕ ਕਿਸੇ ਕਾਹਲ ਵਿਚ ਨਾ ਆਉਣ। ਲੋੜ ਤੋਂ ਵੱਧ ਵਸਤਾਂ ਦੀ ਖਰੀਦਦਾਰੀ ਨਾ ਕਰਨ ਅਤੇ ਕਿਸੇ ਵੀ ਕੰਮ ਵੇਲੇ ਆਪਸੀ ਦੂਰੀ ਘੱਟੋ-ਘੱਟ 2 ਮੀਟਰ ਰੱਖਣ, ਤਾਂ ਜੋ ਸਾਡਾ ਕਰਫਿਊ ਲਗਾਉਣ ਦਾ ਜੋ ਮਕਸਦ ਹੈ, ਉਸ ਵਿਚ ਸਾਨੂੰ ਕਾਮਯਾਬੀ ਮਿਲੇ ਅਤੇ ਵਾਈਰਸ ਨੂੰ ਫੈਲਣ ਤੋਂ ਰੋਕਿਆ ਜਾ ਸਕੇ।

==========

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ

## ਬਾਗਬਾਨੀ ਵਿਭਾਗ ਨੇ ਕਿਸਾਨਾਂ ਲਈ ਕੰਟਰੋਲ ਰੂਮ ਬਣਾਇਆ

## ਕਿਸਾਨ ਬਾਗਬਾਨੀ ਸੰਬਧੀ ਫੋਨ ਉਤੇ ਹੀ ਲੈ ਸਕਦੇ ਹਨ ਮਸ਼ਵਰਾ

ਅੰਮ੍ਰਿਤਸਰ, 5 ਅਪ੍ਰੈਲ ( )-

ਅੰਮ੍ਰਿਤਸਰ ਜਿਲ੍ਹੇ ਦੇ ਬਾਗਬਾਨੀ ਨਾਲ ਜੁੜੇ ਕਿਸਾਨਾਂ ਨੂੰ ਆਪਣੀ ਫਸਲ ਦੀ ਸਾਂਭ-ਸੰਭਾਲ, ਖਾਦਾਂ, ਦਵਾਈਆਂ ਅਤੇ ਮੰਡੀਕਰਨ ਆਦਿ ਦੀ ਆ ਰਹੀ ਸਮੱਸਿਆ ਨੂੰ ਹੱਲ ਕਰਨ ਵਾਸਤੇ ਡਿਪਟੀ ਡਾਇਰੈਕਟਰ ਬਾਗਬਾਨੀ ਅੰਮ੍ਰਿਤਸਰ ਸ. ਗੁਰਿੰਦਰ ਸਿੰਘ ਧੰਜਲ ਨੇ ਆਪਣੇ ਅਧਿਕਾਰੀਆਂ ਨੂੰ ਇਸ ਬੰਦੋਬਸਤ ਲਈ ਕਿਸਾਨਾਂ ਦੀ ਮਦਦ ਕਰਨ ਵਾਸਤੇ ਹਦਾਇਤ ਕਰਦੇ ਹੋਏ ਕੰਟਰੋਲ ਰੂਮ ਸਥਾਪਿਤ ਕੀਤਾ ਹੈ। ਇਸ ਸਦਕਾ ਕਿਸਾਨ ਹੁਣ ਫੋਨ ਉਤੇ ਹੀ ਇੰਨਾਂ ਅਧਿਕਾਰੀਆਂ ਦੀ ਮਾਹਿਰ ਰੈਅ ਲੈਣ ਤੋਂ ਇਲਾਵਾ ਵਿਭਾਗ ਵੱਲੋਂ ਦਿੱਤੀ ਜਾਂਦੀ ਹਰ ਤਰਾਂ ਦੀ ਸਹਾਇਤਾ ਲੈ ਸਕਣਗੇ। ਉਨਾਂ ਦੱਸਿਆ ਕਿ ਜਿਲ੍ਹਾ ਅੰਮ੍ਰਿਤਸਰ ਲਈ ਬਤੌਰ ਡਿਪਟੀ ਡਾਇਰੈਕਟਰ ਮੇਰਾ ਫੋਨ ਨੰਬਰ 99157-04727 ਹਰ ਵੇਲੇ ਕਿਸਾਨਾਂ ਦੀ ਸੇਵਾ ਲਈ ਹਾਜ਼ਰ ਹੈ। ਇਸ ਤੋਂ ਇਲਾਵਾ ਵੇਰਕਾ ਬਲਾਕ ਦੇ ਕਿਸਾਨ ਜਤਿੰਦਰ ਸਿੰਘ ਬਾਗਬਾਨੀ ਵਿਕਾਸ ਅਫਸਰ ਦੇ ਫੋਨ ਨੰਬਰ 75080-18845, ਅਜਨਾਲਾ, ਚੌਗਾਵਾਂ ਤੇ ਹਰਸ਼ਾ ਛੀਨਾ ਇਲਾਕੇ ਦੇ ਬਾਗਬਾਨ ਸਾਡੇ ਅਧਿਕਾਰੀ ਸ੍ਰੀਮਤੀ ਕਿਰਨਬੀਰ ਕੌਰ ਦੇ ਫੋਨ ਨੰਬਰ 95924-59343 ਉਤੇ, ਜੰਡਿਆਲਾ ਗੁਰੂ ਬਲਾਕ ਦੇ ਕਿਸਾਨ ਸ. ਹਰਵਿੰਦਰ ਸਿੰਘ ਨਾਲ ਫੋਨ ਨੰਬਰ 62391-31060 ਉਤੇ, ਅਟਾਰੀ ਬਲਾਕ ਦੇ ਕਿਸਾਨ ਬਿਕਰਮਜੀਤ ਸਿੰਘ ਦੇ ਫੋਨ ਨੰਬਰ 99149-25151 ਅਤੇ ਰਈਆ, ਤਰਸਿੱਕਾ ਅਤੇ ਮਜੀਠਾ ਬਲਾਕ ਦੇ ਬਾਗਬਾਨ ਕਿਸਾਨ ਬਾਗਬਾਨੀ ਵਿਕਾਸ ਅਫਸਰ ਸ੍ਰੀ ਸੁਖਬੀਰ ਸਿੰਘ ਨਾਲ ਫੋਨ ਨੰਬਰ 75080-18810 ਉਤੇ ਸੰਪਰਕ ਕਰਕੇ ਹਰ ਤਰਾਂ ਦੀ ਸਹਾਇਤਾ ਲੈ ਸਕਦੇ ਹਨ।

============